# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ : 20-09-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਂਚੀ ਦੇ ਨਮਕੁਮ ਵਿਖੇ ਨੈਸ਼ਨਲ ਇੰਸਟੀਚਿਊਟ ਆਫ ਸੈਕੰਡਰੀ ਐਗਰੀਕਲਚਰ ICAR- ਦੇ ਸ਼ਤਾਬਦੀ ਸਮਾਰੋਹ ਦਾ ਉਦਘਾਟਨ ਕੀਤਾ । ਇਸ ਮੌਕੇ 'ਤੇ ਰਾਜਪਾਲ ਸੰਤੋਸ਼ ਕੁਮਾਰ ਗੰਗਵਾਰ, ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਰੱਖਿਆ ਰਾਜ ਮੰਤਰੀ ਸੰਜੇ ਸੇਠ ਅਤੇ ਮੁੱਖ ਮੰਤਰੀ ਹੇਮੰਤ ਸੋਰੇਨ ਮੌਜੂਦ ਸਨ।

-----------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ PM ਵਿਸ਼ਵਕਰਮਾ ਸਕੀਮ ਦੀ ਤਰੱਕੀ ਦੇ ਇੱਕ ਸਾਲ ਦੇ ਮੌਕੇ 'ਤੇ ਰਾਸ਼ਟਰੀ 'ਪੀਐਮ ਵਿਸ਼ਵਕਰਮਾ' ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਮਹਾਰਾਸ਼ਟਰ ਦੇ ਵਰਧਾ ਪਹੁੰਚੇ ਨੇ । ਇਸ

ਪ੍ਰੋਗਰਾਮ ਦੌਰਾਨ, ਪ੍ਰਧਾਨ ਮੰਤਰੀ PM ਵਿਸ਼ਵਕਰਮਾ ਦੇ ਲਾਭਪਾਤਰੀਆਂ ਨੂੰ ਪ੍ਰਮਾਣ ਪੱਤਰ ਅਤੇ ਕਰਜ਼ੇ ਜਾਰੀ ਕਰਨਗੇ ।

-----------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ’ਤੇ ਘਰੇਲੂ ਹਿੰਸਾ ਤੋਂ ਪ੍ਰਭਾਵਿਤ ਔਰਤਾਂ ਦੇ ਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਘਰੇਲੂ ਹਿੰਸਾ ਦੇ ਪੀੜਤਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਸਹਾਇਤਾ ਦੇ ਮੱਦੇਨਜ਼ਰ ਵੀਰਵਾਰ ਨੂੰ ‘ਸਾਂਝ ਰਾਹਤ ਪ੍ਰੋਜੈਕਟ’ ਦੀ ਸ਼ੁਰੂਆਤ ਕੀਤੀ। ਇਸ ਪ੍ਰੋਜੈਕਟ ਦਾ ਉਦੇਸ਼ ਘਰੇਲੂ ਹਿੰਸਾ ਦੇ ਪੀੜਤਾਂ ਨੂੰ ਮਜ਼ਬੂਤ ਬਣਾਉਣ ਲਈ ਜ਼ਰੂਰੀ ਮਨੋਵਿਗਿਆਨਕ-ਸਮਾਜਿਕ- ਕਾਨੂੰਨੀ ਸਹਾਇਤਾ ਪ੍ਰਦਾਨ ਕਰਨਾ ਅਤੇ ਉਹਨਾਂ ਨੂੰ ਹਿੰਸਾ-ਮੁਕਤ ਜੀਵਨ ਜਿਉਣ ਦੇ ਯੋਗ ਬਣਾਉਣਾ ਏ । ਇਹ ਪ੍ਰੋਜੈਕਟ, ਪੀੜਤਾਂ ਨੂੰ ਉਨ੍ਹਾਂ ਦੇ ਆਉਣ ਵਾਲੇ ਜੀਵਨ ਬਾਰੇ ਫੈਸਲਾ ਲੈਣ ਵਿੱਚ ਮਦਦ ਕਰਨ ਲਈ ਲੋੜੀਂਦੇ ਵਸੀਲਿਆਂ ਅਤੇ ਸੇਵਾਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਹ ਪ੍ਰੋਜੈਕਟ ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀਏਡੀ) ਅਤੇ

ਨਈ ਸ਼ੁਰੂਆਤ, ਜੋ ਕਿ ਔਰਤਾਂ ਦੇ ਸ਼ਕਤੀਕਰਨ ’ਤੇ ਕੇਂਦਰਿਤ ਇੱਕ ਇੰਦੌਰ-ਅਧਾਰਤ ਐਨ.ਜੀ.ਓ.ਏ, ਦਰਮਿਆਨ ਇੱਕ ਸਾਂਝੀ ਪਹਿਲਕਦਮੀ ਏ। ਜਿਸ ਦੇ ਮੁੱਖ ਭਾਈਵਾਲਾਂ ਵਿੱਚ ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਅਤੇ ਔਰਤ ਤੇ ਬਾਲ ਵਿਕਾਸ ਵਿਭਾਗ, ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਾਮਲ ਨੇ।

---------------------------------------------------------

ਜਿਲ੍ਹਾ ਫਰੀਦਕੋਟ ਵਿੱਚ ਸਾਲ 2024 ਦੌਰਾਨ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਬਿਲਕੁਲ ਖਤਮ ਕਰਨ ਦੇ ਮਿੱਥੇ ਟੀਚੇ ਨੂੰ ਪੂਰਾ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਫਰੀਦਕੋਟ ਦੇ ਡਿਪਟੀ ਕਮਿਸ਼ਨਰ, ਸ੍ਰੀ ਵਿਨੀਤ ਕੁਮਾਰ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ ਤਹਿਤ ਛੋਟੇ ਕਿਸਾਨਾਂ ਨੂੰ ਸਹਿਕਾਰੀ ਸਭਾਵਾਂ ਰਾਹੀ ਮਸ਼ੀਨਰੀ ਮੁਹੱਈਆ ਕਰਵਾਉਣ ਲਈ ਫਰੀਦਕੋਟ ਦੇ ਮੁੱਖ ਖੇਤੀਬਾੜੀ ਦਫਤਰ ਵਿਖੇ ਮੀਟਿੰਗ ਹੋਈ। ਮੀਟਿੰਗ ਵਿੱਚ  ਮੁੱਖ ਖੇਤੀਬਾੜੀ ਅਫਸਰ, ਡਾ.ਅਮਰੀਕ ਸਿੰਘ ਸ੍ਰੀ, ਫਰੀਦਕੋਟ ਦੀਆਂ ਸਹਿਕਾਰੀ ਸਭਾਵਾਂ ਦੇ ਉਪ-ਰਜਿਸਟਰਾਰ ਰਾਜਪਾਲ ਸਿੰਘ,ਡਾ.ਅਮਨ ਕੇਸ਼ਵ ਪੀ.ਡੀ.ਆਤਮਾ ਅਤੇ

ਫਰੀਦਕੋਟ ਸਹਿਕਾਰੀ ਸਭਾ ਦੇ ਇੰਸਪੈਕਟਰ ਸ੍ਰੀ ਹਰਸਿਮਰਨ ਸਿੰਘ ਮੌਜੂਦ ਸਨ। ਮੀਟਿੰਗ ਦੌਰਾਨ ਡਾ.ਅਮਰੀਕ ਸਿੰਘ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਨੂੰ ਖੇਤਾਂ ਵਿਚ ਸੰਭਾਲ ਕੇ ਕਣਕ ਦੀ ਬਿਜਾਈ ਕਰਨ ਵਿਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਏ । ਇਨਾਂ ਮੁਸ਼ਕਲਾਂ ਨੂੰ ਧਿਆਨ ਵਿੱਚ ਰਖਦਿਆਂ ਪੰਜਾਬ ਸਰਕਾਰ ਵਲੋਂ ਸਹਿਕਾਰੀ ਸਭਾਵਾਂ ਅਤੇ ਗ੍ਰਾਮ ਪੰਚਤਾਂ ਨੂੰ ਪਰਾਲੀ ਸਾਂਭਣ ਲਈ ਖੇਤੀਬਾੜੀ ਮਸ਼ੀਨਰੀ 80 ਫੀਸਦੀ ਸਬਸਿਡੀ ਤੇ ਮੁਹੱਈਆ ਕਰਵਾਈ ਗਈ ਏ ਤਾਂ ਜੋ ਛੋਟੇ ਕਿਸਾਨ ਇਨ੍ਹਾਂ ਦੀ ਵਰਤੋਂ ਕਰਕੇ ਝੋਨੇ ਦੀ ਪਰਾਲੀ ਦੀ ਸੰਭਾਲ ਕਰ ਸਕਣ । ਉਨਾਂ ਦੱਸਿਆ ਕਿ ਛੋਟੇ ਕਿਸਾਨਾਂ ਦੀ ਇਸ ਸਮੱਸਿਆ ਦੇ ਹੱਲ ਲਈ ਕੀਤੇ ਗਏ ਫੈਸਲੇ ਅਨੁਸਾਰ  ਛੋਟੇ ਕਿਸਾਨਾਂ ਤੋਂ ਸਹਿਕਾਰੀ ਸਭਾਵਾਂ ਤੋਂ ਖੇਤੀਬਾੜੀ ਮਸ਼ੀਨਰੀ ਵਰਤਣ ਦਾ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ। ਉਨਾਂ ਇਹ ਵੀ ਦੱਸਿਆ ਕਿ ਜਿਲ੍ਹਾ ਫਰੀਦਕੋਟ ਦੀਆਂ ਸਹਿਕਾਰੀ ਸਭਾਵਾਂ ਵਿੱਚ ਕੁੱਲ 644 ਮਸ਼ੀਨਾ ਮੌਜੂਦ ਨੇ . ਉਨਾਂ ਦੱਸਿਆ ਕਿ ਇਹ ਖੇਤੀਬਾੜੀ ਮਸ਼ੀਨਰੀ ਨੂੰ ਕਰਾਏ ਉੱਤੇ ਲੈ ਕੇ ਜਾਣ ਲਈ 2.5 ਤੋਂ 5 ਏਕੜ ਵਾਲੇ ਕਿਸਾਨਾਂ ਤੋਂ ਵੀ ਕੋਈ ਕਿਰਾਇਆ ਨਹੀਂ ਵਸੂਲਿਆ ਜਾਵੇਗਾ ਪਰ ਜੇਕਰ

ਉਹ ਨਾਲ ਟਰੈਕਟਰ ਲੈ ਕੇ ਜਾਂਦੇ ਨੇ ਤਾਂ ਉਸ ਦੇ ਡੀਜ਼ਲ ਦਾ ਕਿਰਾਇਆ ਵਸੂਲਿਆ ਜਾਵੇਗਾ ਅਤੇ 5 ਏਕੜ ਤੋਂ ਵੱਧ ਮਾਲਕੀ ਵਾਲੇ ਕਿਸਾਨਾਂ ਲਈ ਸਰਕਾਰੀ ਰੇਟ ਵਾਲਾ ਕਿਰਾਇਆ ਵਸੂਲਿਆ ਜਾਵੇਗਾ । ਉਨਾਂ ਛੋਟੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜ਼ਿਲਾ ਪ੍ਰਸ਼ਾਸ਼ਨ ਵੱਲੋਂ ਮਿੱਥੇ ਟੀਚੇ ਦੀ ਪੂਰਤੀ ਲਈ ਅਤੇ ਜ਼ਿਲਾ ਫਰੀਦਕੋਟ ਨੂੰ ਧੂੰਆਂ ਮੁਕਤ ਕਰਨ ਲਈ  ਸਹਿਯੋਗ ਕੀਤਾ ਜਾਵੇ ।

---------------------------------------------------------------

ਮੁਹਾਲੀ ਜ਼ਿਲਾ ਪ੍ਸ਼ਾਸਨ ਵਲੋਂ ਪਿੰਡ ਲੇਹਲੀ ਸਥਿਤ ਨਾਹਰ ਫੈਬਰਿਕ ਯੂਨਿਟ ਵਿਖੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੇ ਖੇਤੀਬਾੜੀ ਮਹਿਕਮੇ ਦੇ ਸਾਂਝੇ ਉਪਰਾਲੇ ਸਦਕਾ ਸਮਾਗਮ ਕਰਕੇ ਪਰਾਲੀ ਨੂੰ ਨਾ ਸਾੜਨ ਵਾਲੇ ਲਗਭਗ 50 ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਲਕਾ ਡੇਰਾਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਤੇ ਮੁਹਾਲੀ ਦੇ, ਏਡੀਸੀ (ਜਨਰਲ) ਵਿਰਾਜ .ਐਸ .ਤਿੜਕੇ ਅਤੇ ਡੇਰਾਬੱਸੀ ਦੇ SDM ਹਿਮਾਂਸ਼ੂ ਗੁਪਤਾ ਵੀ ਸ਼ਾਮਿਲ ਹੋਏ ਅਤੇ ਕਿਸਾਨਾਂ ਨੂੰ ਪ੍ਰਮਾਣ ਪੱਤਰ, ਮੋਮੈਨਟੋ ਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ

। ਸਨਮਾਨਿਤ ਕਿਸਾਨਾਂ ਨੇ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਪਰਾਲੀ ਨਾ ਸਾੜਨ ਤੇ ਚੁਗਿਰਦੇ ਨੂੰ ਗੰਦਲਾਂ ਹੋਣ ਤੋਂ ਬਚਾਉਣ ਲਈ ਆਪਣੇ ਯੋਗਦਾਨ ਤੇ ਖੁਸ਼ੀ ਪ੍ਰਗਟਾਈ ਤੇ ਹੋਰਨਾਂ ਲੋਕਾਂ ਨੂੰ ਵੀ ਅਜਿਹਾ ਕਰਨ ਤੇ ਪਰਾਲੀ ਨੂੰ ਵਾਪਸ ਧਰਤੀ ਚ ਹੀ ਰਲਾ ਕੇ  ਮਿੱਤਰ ਕੀੜੇ ਬਚਾਉਣ ਤੇ ਨਾਲ ਵਾਧੂ ਝਾੜ ਲੈਣ ਤੇ ਆਮਦਨੀ 'ਚ ਵੀ ਵਾਧੇ ਦੀ ਗਲ ਕਹੀ। ਓਹਨਾਂ  ਇਸ ਤਰ੍ਹਾਂ ਕਰਕੇ ਆਪਣੇ ਵੱਧ ਝਾੜ ਲੈਣ ਦੀ ਵੀ ਗਲ ਦੱਸੀ।

-----------------------------------------------------------

ਬਾਬਾ ਸ਼ੇਖ ਫਰੀਦ ਆਗਮਨ ਪੁਰਬ ਦੀ ਸ਼ੁਰੂਆਤ ਮੌਕੇ, ਸਾਹਿਤ ਵਿਚਾਰ ਮੰਚ, ਫਰੀਦਕੋਟ ਅਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ, ਫਰੀਦਕੋਟ ਵੱਲੋਂ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ ਸਵਰਗੀ. ਡਾ. ਸੁਰਜੀਤ ਪਾਤਰ ਜੀ ਦੀ ਯਾਦ ਨੂੰ ਸਮਰਪਿਤ ਪੰਜ ਰੋਜ਼ਾ ਬਾਬਾ ਫਰੀਦ ਸਾਹਿਤ ਮੇਲਾ ਕਰਾਇਆ ਜਾ ਰਿਹਾ ਏ . ਇਸ ਮੇਲੇ ਦਾ ਉਦਘਾਟਨ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਨੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਅਤੇ ਜਸਵੰਤ ਸਿੰਘ ਜ਼ਫ਼ਰ

ਡਾਇਰੈਕਟਰ ਭਾਸ਼ਾ ਵਿਭਾਗ ਵਿਧਾਇਕ ਸੇਖੋਂ ਨੇ ਹਾਜ਼ਰ ਲੋਕਾਂ ਨੂੰ ਬਾਬਾ ਫਰੀਦ ਆਗਮਨ ਪੁਰਬ ਦੀ ਵਧਾਈ ਦਿੰਦਿਆਂ 5 ਰੋਜ਼ਾ ਪੁਸਤਕ ਮੇਲਾ ਸ਼ੁਰੂ ਕਰਨ ਲਈ ਸਾਹਿਤ ਮੰਚ ਦੇ ਸਮੂਹ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਪੁਸਤਕ ਮੇਲੇ ਸਿੱਖਣ ਦੀ ਜਗਿਆਸਾ ਨੂੰ ਹੋਰ ਵਧਾਉਣ ਲਈ ਵੱਡਾ ਉਪਰਾਲਾ ਸਾਬਤ ਹੁੰਦੇ ਨੇ । ਇਸ ਮੌਕੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਕਿ ਸਾਨੂੰ ਸਭ ਨੂੰ ਆਪਣੇ ਸਮੇਂ ਵਿੱਚੋਂ ਕੁਝ ਸਮਾਂ ਕਿਤਾਬਾਂ ਨੂੰ ਦੇਣਾ ਚਾਹੀਦਾ ਏ ਕਿਉਂ ਕਿ ਕਿਤਾਬਾਂ ਹੀ ਮਨੁੱਖ ਦੀ ਸਭ ਤੋਂ ਵਧੀਆ ਦੋਸਤ ਹੁੰਦੀਆਂ ਨੇ . ਪੰਜਾਬ ਦੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਅਤੇ ਪ੍ਰਸਿੱਧ ਸਹਿਤਕਾਰ ਡਾ. ਜਸਵੰਤ ਜ਼ਫ਼ਰ ਨੇ ਇਸ ਮੌਕੇ ਬਾਬਾ ਫਰੀਦ ਮੇਲੇ ਤੇ ਲਾਏ ਗਏ ਵਿਸ਼ਾਲ ਪੁਸਤਕ ਮੇਲੇ ਲਈ ਪ੍ਰਬੰਧਕਾਂ ਦੀ ਪ੍ਰਸ਼ੰਸ਼ਾ ਕੀਤੀ ਤੇ ਕਿਹਾ ਕਿ ਭਾਸ਼ਾ ਵਿਭਾਗ ਅਜਿਹੇ ਮੇਲਿਆਂ ਨੂੰ ਉਤਸ਼ਾਹਤ ਕਰਨ ਲਈ ਹਰ ਤਰ੍ਹਾਂ ਦੀ ਮਦਦ ਲਈ ਅੱਗੇ ਆਵੇਗਾ।

---------------------------------------------------------

ਖੇਡ ਵਿਭਾਗ ਅਤੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ

ਵਤਨ ਪੰਜਾਬ ਦੀਆਂ ਸੀਜ਼ਨ-3 ਦੇ ਬਲਾਕ ਪੱਧਰੀ ਮੁਕਾਬਲਿਆਂ ਤੋ ਬਾਅਦ ਹੁਣ ਜ਼ਿਲ੍ਹਾ ਪੱਧਰੀ ਮੁਕਾਬਲੇ ਸ਼ੁਰੂ ਹੋਣ ਜਾ ਰਹੇ ਨੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ 23 ਸਤੰਬਰ ਤੋਂ 30 ਸਤੰਬਰ ਤੱਕ ਕਰਵਾਈਆਂ ਜਾ ਰਹੀਆਂ ਨੇ ਤੇ ਇੰਨਾਂ ਖੇਡਾਂ 'ਚ ਹਿੱਸਾ ਲੈਣ ਲਈ ਖਿਡਾਰੀ, 21 ਸਤੰਬਰ ਤੱਕ ਆਪਣੇ ਐਂਟਰੀ ਫਾਰਮ ਜਮ੍ਹਾਂ ਕਰਵਾਏ ਜਾ ਸਕਦੇ ਨੇ ।